# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 20-04-2025**

- ਲੋਕਾਂ ਨੂੰ ਵਕਫ਼ ਸੋਧ ਕਾਨੂੰਨ ਦੇ ਫਾਇਦਿਆਂ ਬਾਰੇ ਜਾਗਰੂਕ ਕਰਨ ਲਈ, ਭਾਰਤੀ ਜਨਤਾ ਪਾਰਟੀ ਵਲੋਂ ਅੱਜ ਤੋਂ 'ਵਕਫ਼ ਸੁਧਾਰ ਜਨ-ਜਾਗਰਣ ਅਭਿਆਨ' ਦੀ ਸ਼ੁਰੂਆਤ ।
- ਪੰਜਾਬ ਸਰਕਾਰ ਵੱਲੋਂ ਫ਼ਸਲੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ, 500 ਕਰੋੜ ਰੁਪਏ ਦੀ ਮੈਗਾ ਕਾਰਜ ਯੋਜਨਾ ਦਾ ਐਲਾਨ ।
- ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਗ ਤੋਂ ਪ੍ਰਭਾਵਿਤ ਹੋਏ ਪਿੰਡਾਂ ਦਾ ਦੌਰਾ ਕੀਤਾ-ਨਿਯਮਾਂ ਮੁਤਾਬਿਕ ਬਣਦਾ ਮੁਆਵਜ਼ਾ ਦੇਣ ਲਈ, ਜ਼ਿਲ੍ਹਾ ਪ੍ਰਸ਼ਾਸਨ ਨੂੰ ਤੁਰੰਤ ਹਦਾਇਤਾਂ ਜਾਰੀ ਕੀਤੀਆਂ ।
- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਸਟਰ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ ।
- 5ਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ -

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਜੀ ਵਿਖੇ ਧਾਰਮਿਕ ਸਮਾਗਮਾਂ ਦਾ ਆਯੋਜਨ-ਸੁੰਦਰ ਜਲੌਅ ਵੀ ਸਜਾਏ ਗਏ।

- IPL ਕ੍ਰਿਕੇਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

----------------------------------------------------------------------

ਭਾਰਤੀ ਜਨਤਾ ਪਾਰਟੀ ਨੇ ਅੱਜ ਤੋਂ 'ਵਕਫ਼ ਸੁਧਾਰ ਜਨ-ਜਾਗਰਣ ਅਭਿਆਨ' ਦੀ ਸ਼ੁਰੂਆਤ ਕੀਤੀ ਏ। ਇਸਦਾ ਉਦੇਸ਼ ਲੋਕਾਂ ਨੂੰ ਵਕਫ਼ ਸੋਧ ਕਾਨੂੰਨ ਦੇ ਫਾਇਦਿਆਂ ਬਾਰੇ ਜਾਗਰੂਕ ਕਰਨਾ ਏ। ਇਹ ਦੇਸ਼ ਵਿਆਪੀ ਮੁਹਿੰਮ 5 ਮਈ ਤੱਕ ਜਾਰੀ ਰਹੇਗੀ। ਇਸ ਮੁਹਿੰਮ ਦੌਰਾਨ, ਬੀਜੇਪੀ ਨੇਤਾ ਅਤੇ ਵਰਕਰ ਮੁਸਲਿਮ ਭਾਈਚਾਰੇ ਦੇ ਲੋਕਾਂ ਨੂੰ ਮਿਲਣਗੇ। ਪਾਰਟੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਇਸ ਮਹੀਨੇ ਦੀ 10 ਤਰੀਕ ਨੂੰ ਨਵੀਂ ਦਿੱਲੀ ਸਥਿਤ ਪਾਰਟੀ ਸਦਰ ਮੁਕਾਮ ਵਿਖੇ ਇਸ ਮੁਹਿੰਮ ਦੀ ਸ਼ੁਰੂਆਤ ਦਾ ਐਲਾਨ ਕੀਤਾ ਸੀ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ, ਪੂਰੀ ਪਾਰਦਰਸ਼ਤਾ ਅਤੇ ਵਕਫ਼ ਜਾਇਦਾਦਾਂ ਦੇ ਕੁਸ਼ਲ

ਪ੍ਰਬੰਧਨ ਨਾਲ ਵਕਫ਼ ਲਈ ਭਲਾਈ ਪ੍ਰੋਗਰਾਮ ਸ਼ੁਰੂ ਕਰਨ ਲਈ ਵਚਨਬੱਧ ਏ।

----------------------------------------------------------------------

ਸੂਬੇ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਦੀ ਮੁਕੰਮਲ ਰੋਕਥਾਮ ਲਈ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਸਬਸਿਡੀ 'ਤੇ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਪ੍ਰਦਾਨ ਕਰਨ ਅਤੇ ਪਰਾਲੀ ਦੇ ਢੁਕਵੇਂ ਪ੍ਰਬੰਧਨ ਲਈ ਹੋਰ ਰਣਨੀਤੀਆਂ ਲਾਗੂ ਕਰਨ ਵਾਸਤੇ 500 ਕਰੋੜ ਰੁਪਏ ਦੀ ਕਾਰਜ ਯੋਜਨਾ ਤਿਆਰ ਕੀਤੀ ਏ। ਅੱਜ ਚੰਡੀਗੜ੍ਹ ਵਿਚ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਵਿਭਾਗ ਨੇ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਦੀ ਖਰੀਦ 'ਤੇ ਸਬਸਿਡੀ ਲੈਣ ਲਈ ਸੂਬੇ ਦੇ ਕਿਸਾਨਾਂ ਤੋਂ ਆਨਲਾਈਨ ਅਰਜ਼ੀਆਂ ਮੰਗੀਆਂ ਨੇ। ਉਨ੍ਹਾਂ ਦੱਸਿਆ ਕਿ ਇਹ ਅਰਜ਼ੀਆਂ 22 ਅਪ੍ਰੈਲ ਤੋਂ 12 ਮਈ ਤੱਕ ਆਨਲਾਈਨ ਪੋਰਟਲ agri machinery pb.com ਉਤੇ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਨੇ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੀ.ਆਰ.ਐਮ. ਮਸ਼ੀਨਾਂ ਦੀ ਖਰੀਦ ਉਤੇ ਵਿਅਕਤੀਗਤ ਕਿਸਾਨਾਂ ਨੂੰ 50 ਫੀਸਦ ਸਬਸਿਡੀ ਅਤੇ ਕਿਸਾਨ ਸਮੂਹਾਂ, ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ 80 ਫੀਸਦ ਸਬਸਿਡੀ ਦਿੱਤੀ ਜਾ ਰਹੀ ਏ। ਇਸ ਪਹਿਲਕਦਮੀ ਦਾ ਉਦੇਸ਼

ਸੀ.ਆਰ.ਐਮ. ਮਸ਼ੀਨਾਂ ਤੱਕ ਕਿਸਾਨਾਂ ਦੀ ਆਸਾਨ ਪਹੁੰਚ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਵਰਤੋਂ ਪ੍ਰਤੀ ਵੱਧ ਤੋਂ ਵੱਧ ਉਤਸ਼ਾਹਿਤ ਕਰਦਿਆਂ ਸਾਰਿਆਂ ਲਈ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣਾ ਹੈ। ਖੇਤੀਬਾੜੀ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ, ਸਹਿਕਾਰੀ ਸਭਾਵਾਂ ਅਤੇ ਪੰਚਾਇਤਾਂ ਨੂੰ ਸਬਸਿਡੀ ‘ਤੇ 17 ਹਜ਼ਾਰ 600 ਸੀ.ਆਰ.ਐਮ. ਮਸ਼ੀਨਾਂ ਮੁਹੱਈਆ ਕਰਵਾਉਣ ਤੋਂ ਇਲਾਵਾ ਕਿਸਾਨਾਂ ਦੀ ਸਹੂਲਤ ਲਈ 1 ਹਜ਼ਾਰ 331 ਕਸਟਮ ਹਾਇਰਿੰਗ ਸੈਂਟਰ ਵੀ ਸਥਾਪਿਤ ਕੀਤੇ ਸਨ।

---

ਪੰਜਾਬ ਦੇ ਕੈਬਨਿਟ ਮੰਤਰੀ ਨੇ ਅੱਜ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਸੋਥਾ ਅਤੇ ਚੱਕ ਦੂਹੇਵਾਲਾ ਦਾ ਦੌਰਾ ਕੀਤਾ ਅਤੇ ਅੱਗ ਕਾਰਨ ਫ਼ਸਲ ਗੁਆ ਬੈਠੇ ਪ੍ਰਭਾਵਿਤ ਕਿਸਾਨਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪੀੜਤ ਕਿਸਾਨ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਹਰ ਸੰਕਟ ਵਿੱਚ ਕਿਸਾਨਾਂ ਦੇ ਨਾਲ ਖੜ੍ਹੀ ਏ।ਡਾ ਬਲਜੀਤ ਕੌਰ ਨੇ ਕੈਬਨਿਟ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਨਿਯਮਾਂ ਅਨੁਸਾਰ ਬਣਦਾ ਮੁਆਵਜ਼ਾ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਤੁਰੰਤ

ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ। ਕੈਬਨਿਟ ਮੰਤਰੀ ਨੇ ਕਿਸਾਨ ਪਰਿਵਾਰਾਂ ਦੀ ਨਿੱਜੀ ਤੌਰ 'ਤੇ ਆਰਥਿਕ ਮਦਦ ਕਰਦਿਆਂ ਆਪਣੀ ਇੱਕ ਮਹੀਨੇ ਦੀ ਤਨਖਾਹ ਮਦਦ ਵਜੋਂ ਦੇਣ ਦਾ ਐਲਾਨ ਵੀ ਕੀਤਾ।ਉਨ੍ਹਾਂ ਲੋਕਾਂ ਨੂੰ ਅੱਗ ਤੋਂ ਪੀੜਤ ਕਿਸਾਨਾਂ ਦੀ ਮਦਦ ਲਈ ਅੱਗੇ ਆਉਣ ਦੀ ਵੀ ਅਪੀਲ ਕੀਤੀ ।

---------------------------------------------------------------------------

ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਹਲਕੇ ਅਜਨਾਲਾ ਦੀਆਂ ਅਨਾਜ ਮੰਡੀਆਂ ਦਾ ਅਚਨਚੇਤ ਦੌਰਾ ਕੀਤਾ। ਉਨ੍ਹਾਂ ਕਿਸਾਨਾਂ ਵਲੋਂ ਅਨਾਜ ਮੰਡੀਆਂ ਵਿੱਚ ਲਿਆਂਦੀ ਗਈ ਕਣਕ ਦੀਆਂ ਢੇਰੀਆਂ ਵਿੱਚ ਨਮੀ ਦਾ ਨਿਰੀਖਣ ਵੀ ਕੀਤਾ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਹਨਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ, ਮਜ਼ਦੂਰਾਂ ਜਾਂ ਆੜਤੀਆਂ ਕਿਸੇ ਨੂੰ ਵੀ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅਧਿਕਾਰੀਆਂ ਨੂੰ ਕਿਸਾਨਾਂ ਦੁਆਰਾ ਅਨਾਜ ਮੰਡੀਆਂ ਵਿੱਚ ਲਿਆਂਦੀ ਸੁੱਕੀ ਫਸਲ ਦੀ ਸਰਕਾਰੀ ਬੋਲੀ 24 ਘੰਟਿਆਂ ਅੰਦਰ ਕਰਵਾਉਣ, ਸਰਕਾਰੀ ਏਜੰਸੀਆਂ ਵੱਲੋਂ ਖਰੀਦੀ ਜਿਨਸ ਦੀ ਅਦਾਇਗੀ 48 ਘੰਟਿਆਂ ਅੰਦਰ ਕਰਨ ਅਤੇ ਖਰੀਦੀ ਫ਼ਸਲ ਦੀ ਲਿਫਟਿੰਗ 72 ਘੰਟਿਆਂ ਅੰਦਰ ਕਰਵਾਉਣ ਦੀ ਹਦਾਇਤ ਕੀਤੀ ਗਈ ਏ ਜਿਸ ਉੱਤੇ ਅਮਲ ਹੋਵੇਗਾ। ਕੈਬਨਿਟ ਮੰਤਰੀ ਨੇ ਮੰਡੀਆਂ ਵਿੱਚ ਕਿਸਾਨਾਂ

ਅਤੇ ਮਜ਼ਦੂਰਾਂ ਲਈ ਦਿੱਤੀਆਂ ਗਈਆਂ ਸੁਵਿਧਾਵਾਂ ਤੇ ਸਫਾਈ ਪ੍ਰਬੰਧਾਂ ਦਾ ਵਿਸ਼ੇਸ਼ ਤੌਰ ਉੱਤੇ ਜਾਇਜਾ ਲਿਆ। ਓਧਰ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਪਠਾਨਕੋਟ ਵਿਚ ਤਾਰਾਗੜ੍ਹ ਦਾਣਾ ਮੰਡੀ ਵਿੱਚ ਪਹੁੰਚੇ I ਉਨ੍ਹਾਂ ਮਜਦੂਰਾਂ ਦੇ ਨਾਲ ਗੱਲਬਾਤ ਕੀਤੀ। ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪੰਜਾਬ ਦੀ ਮੰਡੀਆਂ ਵਿੱਚ 28 ਲੱਖ ਮੀਟਰਿਕ ਟਨ ਕਣਕ ਪਹੁੰਚੀ ਏ I

---

ਅੱਜ ਈਸਟਰ ਏ। ਮੰਨਿਆ ਜਾਂਦਾ ਏ ਕਿ ਗੁੱਡ ਫਰਾਈਡੇ 'ਤੇ ਈਸਾ ਮਸੀਹ ਨੂੰ ਸਲੀਬ 'ਤੇ ਚੜ੍ਹਾਏ ਜਾਣ ਤੋਂ ਬਾਅਦ, ਅੱਜ ਦੇ ਹੀ ਦਿਨ ਉਹ ਮੁੜ ਜੀਵਤ ਹੋ ਉਠੇ ਸਨ। ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਸਟਰ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ। ਇੱਕ ਸੰਦੇਸ਼ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਇਹ ਪਵਿੱਤਰ ਤਿਉਹਾਰ ਨਿਰਸਵਾਰਥ ਪਿਆਰ ਤੇ ਸੇਵਾ ਦਾ ਸੰਦੇਸ਼ ਦਿੰਦਾ ਏ। ਉਨ੍ਹਾਂ ਨੇ ਕਿਹਾ ਕਿ ਈਸਾ ਮਸੀਹ ਦਾ ਬਲੀਦਾਨ, ਮਾਫ਼ੀ ਅਤੇ ਤਿਆਗ ਦੀਆਂ ਕਦਰਾਂ-ਕੀਮਤਾਂ ਸਿਖਾਉਂਦਾ ਏ। ਉਨ੍ਹਾਂ ਦਾ ਜੀਵਨ, ਮਨੁੱਖਤਾ ਨੂੰ ਸੱਚਾਈ, ਨਿਆਂ ਅਤੇ ਸਦਭਾਵਨਾ ਲਈ ਪ੍ਰੇਰਿਤ ਕਰਦਾ ਏ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਵੀ ਭਾਰਤ ਭਰ ਦੇ ਸਾਰੇ ਨਾਗਰਿਕਾਂ, ਖਾਸ ਕਰਕੇ ਇਸ ਪਵਿੱਤਰ ਮੌਕੇ ਦਾ ਜਸ਼ਨ

ਮਨਾਉਣ ਵਾਲੇ ਈਸਾਈ ਭਾਈਚਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਈਸਟਰ ਦਾ ਤਿਉਹਾਰ ਨਵੀਂ ਉਮੀਦ ਅਤੇ ਨਵੀਂ ਸ਼ੁਰੂਆਤ ਦੀ ਭਾਵਨਾ ਦਾ ਪ੍ਰਤੀਕ ਏ।ਉਨ੍ਹਾਂ ਕਿਹਾ ਕਿ ਯਿਸੂ ਮਸੀਹ ਦੀਆਂ ਸਿੱਖਿਆਵਾਂ ਮਨੁੱਖਤਾ ਨੂੰ ਪਿਆਰ ਅਤੇ ਕੁਰਬਾਨੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਨੇ।

---

5ਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ **IBYTE-Music**

ਇਸ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰੂ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੇ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਜੀ ਵਿਖੇ ਸੁੰਦਰ ਜਲੋ ਸਜਾਏ ਗਏ। ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ,ਅਤੇ ਪੰਥ ਪ੍ਰਸਿੱਧ ਕਥਾਵਾਚਕਾਂ ਨੇ ਸੰਗਤਾਂ

ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ । ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰਾ ਏ । ਗੁਰੂ ਸਾਹਿਬ ਨੇ ਵੱਡਾ ਪਰਉਪਕਾਰ ਕਰਦਿਆਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਤਿਆਰ ਕਰਵਾਇਆ ਅਤੇ ਸੰਗਤਾਂ ਨੂੰ ਸ਼ਬਦ ਨਾਲ ਜੋੜਿਆ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਗੁਰਬਾਣੀ ਉਪਦੇਸ਼ਾਂ 'ਤੇ ਚੱਲਣ ਦੀ ਅਪੀਲ ਕੀਤੀ ।ਇਸੇ ਦੌਰਾਨ ਸ੍ਰੀ ਧਾਮੀ ਨੇ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਵੀ ਸੰਗਤਾਂ ਨੂੰ ਵਧਾਈ ਦਿੱਤੀ ।ਓਧਰ ਤਰਨਤਾਰਨ ਵਿਖੇ ਗੁਰੂ ਸਾਹਿਬ ਦਾ ਪ੍ਰਕਾਸ਼ ਗੁਰਪੁਰਬ ਇਲਾਕੇ ਦੀਆ ਸੰਗਤਾਂ ਵੱਲੋ ਬੜੀ ਉਤਸ਼ਾਹ ਨਾਲ ਮਨਾਇਆ ਗਿਆ ਦੀਵਾਨ ਹਾਲ ਮੰਜੀ ਸਾਹਿਬ ਵਿਖੇ ਇਕ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਗਿਆ ,ਜਿਸ ਵਿਚ ਰਾਗੀ ,ਢਾਡੀ, ਕਵੀਸ਼ਰ, ਪ੍ਰਚਾਰਕ ਅਤੇ ਸ੍ਰੀ ਸੁਖਮਨੀ ਸਾਹਿਬ ਸੁਸਾਇਟੀਆ ਵੱਲੋ ਸ੍ਰੀ ਗੁਰ ਅਰਜਨ ਦੇਵ ਜੀ ਦੇ ਇਤਿਹਾਸ ਬਾਰੇ ਸੰਗਤਾ ਨੂੰ ਜਾਣੂ ਕਰਵਾਇਆ ਗਿਆ। ਸੰਗਤਾ ਵਾਸਤੇ ਗੁਰੂ ਕਾ

ਲੰਗਰ ,ਠੰਡੇ ਮਿੱਠੇ ਪਾਣੀ ਦੀਆ ਛਬੀਲਾ ਲਈ ਪ੍ਰਖਤਾ ਪ੍ਰਬੰਧ ਕੀਤੇ ਗਏ ਨੇ । ਕੀਰਤਨ ਦਰਬਾਰ ਦੇਰ ਰਾਤ ਤਕ ਚਲਣਗੇ ।

-----------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਖੇਤਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਏ । ਏਮਜ਼ ਵਿਖੇ ਯੂਰੋਲੋਜੀ ਦੀ ਰਾਸ਼ਟਰੀ ਸੁਸਾਇਟੀ ਦੀ ਕੱਲ ਸ਼ੁਰੂ ਹੋਈ, ਦੋ ਰੋਜਾ ਵਰਕਸ਼ਾਪ ਦੇ ਉਦਘਾਟਨੀ ਸਮਾਗਮ ਵਿੱਚ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਦਿਆਂ ਕੀਤਾ ਊਨਾ ਇਹ ਗੱਲ ਕਹੀ । ਇਸ ਵਰਕਸ਼ਾਪ ਚ ਦੇਸ਼ ਵਿਦੇਸ਼ਾਂ ਚੋਂ ਕਰੀਬ 350 ਡਾਕਟਰਾਂ ਵਲੋਂ 22 ਮਰੀਜ਼ਾਂ ਦੀ ਪੱਥਰੀ ਕੱਢਣ ਦੀ ਆਧੁਨਿਕ ਵਿਧੀ ਤੇ ਤਕਨਾਲੋਜੀ ਰਾਹੀਂ ਬਿਨਾਂ ਕਿਸੇ ਖਰਚ ਦੇ ਆਪਰੇਸ਼ਨ ਕੀਤੇ । ਰਾਜਪਾਲ ਕਟਾਰੀਆ ਨੇ ਏਮਜ਼ ਬਠਿੰਡਾ ਦੇ ਯੂਰੋਲੋਜੀ ਵਿਭਾਗ ਦੀ ਸ਼ਲਾਘਾ ਕਰਦਿਆਂ ਪੰਜਾਬ ਵਿੱਚ ਸਰਕਾਰੀ ਖੇਤਰ ਵਿੱਚ ਗੁਰਦੇ ਟ੍ਰਾਂਸਪਲਾਂਟੇਸ਼ਨ ਸੇਵਾਵਾਂ ਸ਼ੁਰੂ ਕਰਨ ਵਿੱਚ ਉਨ੍ਹਾਂ ਨੂੰ ਮੋਹਰੀ ਦੱਸਿਆ ।**BYTE:**

ਰਾਜਪਾਲ ਨੇ ਸਾਰੇ ਨਾਗਰਿਕਾਂ ਨੂੰ ਨਸ਼ਾ ਮੁਕਤ ਪੰਜਾਬ ਲਈ ਸਮੂਹਿਕ ਤੌਰ 'ਤੇ ਯਤਨ ਕਰਨ ਦਾ ਸੱਦਾ ਦਿੱਤਾ ਅਤੇ ਨੌਜਵਾਨਾਂ ਦੀ ਰੱਖਿਆ ਅਤੇ ਪਾਲਣ-ਪੋਸ਼ਣ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਡਾਕਟਰੀ ਭਾਈਚਾਰੇ ਅਤੇ ਸਮਾਜ ਨੂੰ ਅਪੀਲ ਕੀਤੀ ਕਿ ਉਹ ਨੌਜਵਾਨ ਪੀੜ੍ਹੀਆਂ

ਨੂੰ ਇੱਕ ਸਿਹਤਮੰਦ, ਮਜ਼ਬੂਤ ਭਵਿੱਖ ਸੁਰੱਖਿਅਤ ਕਰਨ ਲਈ ਗਿਆਨ, ਹੁਨਰ ਅਤੇ ਨੈਤਿਕ ਕਦਰਾਂ-ਕੀਮਤਾਂ ਪ੍ਰਦਾਨ ਕਰਨ।ਉਨ੍ਹਾਂ ਡਾਕਟਰਾਂ ਨੂੰ ਆਪਣੀ ਡਿਊਟੀ ਸੱਚੀ ਸੇਵਾ ਭਾਵਨਾ ਨਾਲ ਨਿਭਾਉਣ ਦੀ ਅਪੀਲ ਕੀਤੀ, ਉੱਥੇ ਹੀ ਉਹਨਾਂ ਵਲੋਂ ਕਰੋਨਾ ਕਾਲ ਦੌਰਾਨ ਦਿੱਤੀਆਂ ਨਿਰਵਿਘਨ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ।ਰਾਜਪਾਲ ਨੇ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣ ਬਾਰੇ ਅਪੀਲ ਕਰਦਿਆਂ ਕਿਹਾ I**BYTE:**

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦਵਾਈ ਦੇ ਨਾਲ-ਨਾਲ ਪੂਰੇ ਹੌਂਸਲੇ ਤੇ ਪੂਰੇ ਦ੍ਰਿੜ ਇਰਾਦੇ ਨਾਲ ਵੀ ਕੈਂਸਰ ਜਿਹੀ ਭਿਆਨਕ ਬਿਮਾਰੀ ਨੂੰ ਹਰਾਇਆ ਜਾ ਸਕਦਾ ਏ । ਅੱਜ ਬਠਿੰਡਾ ਰੋਜ਼ ਗਾਰਡਨ ਵਿਖੇ ਕੈਂਸਰ ਦੀ ਲਾਇਲਾਜ ਬਿਮਾਰੀ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਲਾਰਿਤ ਵੈਲਫੇਅਰ ਫਾਊਂਡੇਸ਼ਨ ਵੱਲੋਂ ਕਰਵਾਈ ਗਈ ਵਾਕਾਥਨ ਮੌਕੇ ਆਪਣੇ ਸੰਬੋਧਨ ਦੌਰਾਨ ਕੀਤਾ। ਸ੍ਰੀ ਸੰਧਵਾਂ ਨੇ ਕਿਹਾ ਕਿ ਸਾਨੂੰ ਸਮੇਂ-ਸਮੇਂ ਤੇ ਆਪਣੇ ਸਰੀਰ ਦੀ ਜਾਂਚ ਕਰਵਾਉਣੀ ਚਾਹੀਦੀ ਏ ਤਾਂ ਕਿ ਕੈਂਸਰ ਵਰਗੀ ਭਿਆਨਕ ਬਿਮਾਰੀ ਦੇ ਲੱਛਣਾਂ ਦਾ ਪਹਿਲੀ ਸਟੇਜ ਤੇ ਹੀ ਪਤਾ ਲੱਗ ਸਕੇ ਅਤੇ ਸਮੇਂ-ਸਿਰ ਇਲਾਜ ਕਰਵਾਇਆ ਜਾ ਸਕੇ ।

---------------------------------------------------------------

IPL ਕ੍ਰਿਕੇਟ ਵਿੱਚ ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਮੁੰਬਈ ਵਿੱਚ, ਚੇਨਈ ਸੁਪਰ ਕਿੰਗਜ਼ ਨਾਲ ਸ਼ਾਮ ਸਾਢੇ 7 ਵਜੇ ਹੋਵੇਗਾ।

----------------------------------------------------------------------

- ਲੋਕਾਂ ਨੂੰ ਵਕਫ਼ ਸੋਧ ਕਾਨੂੰਨ ਦੇ ਫਾਇਦਿਆਂ ਬਾਰੇ ਜਾਗਰੂਕ ਕਰਨ ਲਈ, ਭਾਰਤੀ ਜਨਤਾ ਪਾਰਟੀ ਵਲੋਂ ਅੱਜ ਤੋਂ 'ਵਕਫ਼ ਸੁਧਾਰ ਜਨ-ਜਾਗਰਣ ਅਭਿਆਨ' ਦੀ ਸ਼ੁਰੂਆਤ।
- ਪੰਜਾਬ ਸਰਕਾਰ ਵੱਲੋਂ ਫ਼ਸਲੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ, 500 ਕਰੋੜ ਰੁਪਏ ਦੀ ਮੈਗਾ ਕਾਰਜ ਯੋਜਨਾ ਦਾ ਐਲਾਨ।
- ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਗ ਤੋਂ ਪ੍ਰਭਾਵਿਤ ਹੋਏ ਪਿੰਡਾਂ ਦਾ ਦੌਰਾ ਕੀਤਾ-ਨਿਯਮਾਂ ਮੁਤਾਬਿਕ ਬਣਦਾ ਮੁਆਵਜ਼ਾ ਦੇਣ ਲਈ, ਜ਼ਿਲ੍ਹਾ ਪ੍ਰਸ਼ਾਸਨ ਨੂੰ ਤੁਰੰਤ ਹਦਾਇਤਾਂ ਜਾਰੀ ਕੀਤੀਆਂ।
- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਸਟਰ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।
- 5ਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ - ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ

ਬਾਬਾ ਅਟੱਲ ਰਾਏ ਜੀ ਵਿਖੇ ਧਾਰਮਿਕ ਸਮਾਗਮਾਂ ਦਾ ਆਯੋਜਨ-ਸੁੰਦਰ ਜਲੌਅ ਵੀ ਸਜਾਏ ਗਏ।

- IPL ਕ੍ਰਿਕੇਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 ਮਿੰਟ 'ਤੇ ਨਮਸਕਾਰ !**